# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 13:40

**ਮਿਤੀ :06-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਹੈ ਕਿ ਭਾਰਤ ਨੂੰ ਆਪਣੀ ਸਮੁੰਦਰੀ ਤਾਕਤ ਨੂੰ ਹੋਰ ਵਧਾਉਣ ਲਈ ਇੱਕ ਮਜ਼ਬੂਤ ਅਤੇ ਏਕੀਕ੍ਰਿਤ ਈਕੋਸਿਸਟਮ ਦੀ ਲੋੜ ਏ।

- ਦੇਹਾਤੀ  ਵਿਕਾਸ ਮੰਤਰਾਲੇ ਨੇ ਵਿਕਸਿਤ ਭਾਰਤ - ਰੁਜ਼ਗਾਰ ਅਤੇ ਆਜੀਵਿਕਾ ਮਿਸ਼ਨ (ਦੇਹਾਤੀ) ਐਕਟ 2025 ਤਹਿਤ ਮਨਜ਼ੂਰਸ਼ੁਦਾ ਕੰਮਾਂ ਦੀ ਸੂਚੀ NOTIFY ਕੀਤੀ ਏ |

- ਵਿਰੋਧੀ ਪਾਰਟੀਆਂ ਨੇ ਵੋਟਰ ਸੂਚੀਆਂ ਦੀ ਵਿਸ਼ੇਸ਼ ਸੋਧ  (SIR) ਪ੍ਰਕਿਰਿਆ ਵਿੱਚ ਬੇਨਿਯਮੀਆਂ ਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਹਟਾਉਣ ਦੀ ਮੰਗ ਕਰਦਿਆਂ ਦਿੱਲੀ ਦੇ ਸੰਸਦ ਮਾਰਗ ਤੋਂ ਚੋਣ ਕਮਿਸ਼ਨ ਦੇ ਦਫਤਰ ਤੱਕ ਵਿਰੋਧ ਮਾਰਚ ਕੱਢਿਆ |

- ਭਾਰਤੀ ਜਨਤਾ ਪਾਰਟੀ ਨੇ ਕਾਂਗਰਸ ਪਾਰਟੀ 'ਤੇ ਦੇਸ਼ ਵਿੱਚ ਅਰਾਜਕਤਾ ਦਾ ਮਾਹੌਲ ਬਣਾਉਣ ਦੀ ਯੋਜਨਾਬੱਧ ਕੋਸ਼ਿਸ਼ ਕਰਨ ਦਾ ਇਲਜ਼ਾਮ ਲਗਾਇਆ।

- ਭਾਰਤ ਦੀ ਮਹਿਲਾ ਕ੍ਰਿਕਟ ਕਪਤਾਨ ਹਰਮਨਪ੍ਰੀਤ ਕੌਰ ਨੇ ਤਿੰਨੋਂ FORMATS ਦੀ ਕਪਤਾਨੀ ਛੱਡਣ ਦਾ ਐਲਾਨ ਕੀਤਾ ਏ |

***ਹੁਣ ਖਬਰਾਂ ਵਿਸਥਾਰ ਨਾਲ***

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਹੈ ਕਿ ਭਾਰਤ ਨੂੰ ਆਪਣੀ ਸਮੁੰਦਰੀ ਤਾਕਤ ਨੂੰ ਹੋਰ ਵਧਾਉਣ ਅਤੇ ਦੇਸ਼ ਦੀ ਰੱਖਿਆ ਸਮਰਥਾ ਨੂੰ ਮਜ਼ਬੂਤ ਕਰਨ ਲਈ ਇੱਕ ਮਜ਼ਬੂਤ ਅਤੇ ਏਕੀਕ੍ਰਿਤ ਸਮੁੰਦਰੀ ਈਕੋਸਿਸਟਮ ਦੀ ਲੋੜ ਹੈ। ਸ਼੍ਰੀ ਰਾਜਨਾਥ ਸਿੰਘ ਨੇ ਅੱਜ ਵਿਸ਼ਾਖਾਪਟਨਮ ਵਿੱਚ ਹਿੰਦੁਸਤਾਨ ਸ਼ਿਪਯਾਰਡ ਲਿਮਟਿਡ ਵਿਖੇ ਫਲੀਟ ਸਪੋਰਟ ਸ਼ਿਪ-1 ਦੀ ਸ਼ੁਰੂਆਤ ਕੀਤੀ । ਉਨ੍ਹਾਂ ਨੇ ਫਲੀਟ ਸਪੋਰਟ ਸ਼ਿਪ-5 ਦੀ  ਨੀਂਹ ਰੱਖੀ ਅਤੇ ਅੱਪਗ੍ਰੇਡ ਕੀਤੇ ਸਲਿੱਪਵੇਅ-4 ਅਤੇ 300 ਟਨ ਸਮਰੱਥਾ ਵਾਲੀ ਗੋਲਿਅਥ ਕ੍ਰੇਨ ਦਾ ਵੀ ਉਦਘਾਟਨ ਕੀਤਾ। ਇਕੱਠ ਨੂੰ ਸੰਬੋਧਨ ਕਰਦਿਆਂ, ਸ਼੍ਰੀ ਸਿੰਘ ਨੇ ਕਿਹਾ ਕਿ ਫਲੀਟ ਸਪੋਰਟ ਸ਼ਿਪ-1 ਦੀ ਸ਼ੁਰੂਆਤ, ਫਲੀਟ ਸਪੋਰਟ ਸ਼ਿਪ-5 ਦੀ ਨੀਂਹ ਅਤੇ  HSL ਵਿਖੇ ਉੱਨਤ

ਬੁਨਿਆਦੀ ਢਾਂਚੇ ਦਾ ਉਦਘਾਟਨ ਭਾਰਤ ਦੀਆਂ ਸਮੁੰਦਰੀ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਵੱਲ ਮਹੱਤਵਪੂਰਨ ਕਦਮ ਨੇ । ਉਨ੍ਹਾਂ ਕਿਹਾ ਕਿ ਸੂਰਯ ਨਾਮਕ ਫਲੀਟ ਸਪੋਰਟ ਸ਼ਿਪ-1, , ਭਾਰਤੀ ਸਮੁੰਦਰੀ ਸੈਨਾ ਦੀ ਸੰਚਾਲਨ ਪ੍ਰਭਾਵਸ਼ੀਲਤਾ ਨੂੰ ਵਧਾਏਗਾ। ਉਨ੍ਹਾਂ ਅੱਗੇ ਕਿਹਾ ਕਿ ਐਚਐਸਐਲ ਵਿਖੇ ਨਵਾਂ ਸਲਿੱਪਵੇਅ ਅਤੇ ਗੋਲਿਅਥ ਕ੍ਰੇਨ ਵੱਡੇ ਜਹਾਜ਼ ਨਿਰਮਾਣ ਪ੍ਰੋਜੈਕਟਾਂ ਨੂੰ ਪੂਰਾ ਕਰਨ ਲਈ ਸ਼ਿਪਯਾਰਡ ਦੀ ਸਮਰੱਥਾ 'ਚ ਵਾਧਾ ਕਰੇਗਾ । ਉਨ੍ਹਾਂ ਅੱਗੇ ਕਿਹਾ ਕਿ ਸਮੁੰਦਰੀ ਫੌਜ ਨੇ ਮਾਨਵਤਾਵਾਦੀ ਸਹਾਇਤਾ ਅਤੇ ਆਫ਼ਤ ਰਾਹਤ, ਸਮੁੰਦਰੀ ਡਾਕੂਆਂ ਵਿਰੋਧੀ ਕਾਰਜਾਂ, ਅਤੇ ਸਮੁੰਦਰੀ ਸੁਰੱਖਿਆ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਸ੍ਰੀ ਸਿੰਘ ਨੇ ਕਿਹਾ ਕਿ ਹਿੰਦੁਸਤਾਨ ਸ਼ਿਪਯਾਰਡ ਲਿਮਟਿਡ ਨੇ ਅੱਠ ਦਹਾਕਿਆਂ ਤੋਂ ਵੱਧ ਸਮੇਂ ਤੋਂ ਭਾਰਤ ਦੀਆਂ ਸਮੁੰਦਰੀ ਅਤੇ ਰੱਖਿਆ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

BYTE

---

ਦੇਹਾਤੀ ਵਿਕਾਸ ਮੰਤਰਾਲੇ ਨੇ ਵਿਕਾਸ ਭਾਰਤ - ਰੁਜ਼ਗਾਰ ਅਤੇ ਆਜੀਵਿਕਾ ਮਿਸ਼ਨ (ਦਿਹਾਤੀ) ਵਿਕਾਸ ਮੰਤਰਾਲਾ ਐਕਟ, 2025 ਤਹਿਤ ਮਨਜ਼ੂਰਸ਼ੁਦਾ ਕੰਮਾਂ ਦੀ ਸੂਚੀ ਨੋਟੀਫਾਈ ਕੀਤੀ ਏ | ਨਵੇਂ ਪੇਂਡੂ ਕਾਰਜ ਢਾਂਚੇ 375 ਮਨਜ਼ੂਰਸ਼ੁਦਾ ਕੰਮਾਂ ਲਈ ਦਾ ਪ੍ਰਬੰਧ ਏ । ਇਹ ਨਵੀਂ ਸੂਚੀ ਪਿਛਲੇ ਢਾਂਚੇ ਤਹਿਤ 266 ਕੰਮਾਂ ਤੋਂ 41 ਫੀਸਦੀ ਵਾਧਾ ਦਰਸਾਉਂਦੀ ਹੈ। ਕੰਮਾਂ ਨੂੰ ਚਾਰ ਮੁੱਖ ਥੰਮ੍ਹਾਂ ਦੇ ਆਧਾਰ 'ਤੇ ਪੁਨਰਗਠਿਤ

ਕੀਤਾ ਗਿਆ ਹੈ: ਪਾਣੀ ਸੁਰੱਖਿਆ, ਪੇਂਡੂ ਬੁਨਿਆਦੀ ਢਾਂਚਾ, ਆਜੀਵਿਕਾ ਢਾਂਚਾ, ਮੌਸਮੀ ਘਟਨਾਵਾਂ ਅਤੇ ਆਫ਼ਤ ਦੀ ਤਿਆਰੀ ਲਈ ਵਿਸ਼ੇਸ਼ ਕੰਮ।

------------------------------------------------------------

ਅੱਜ ਤਾਮਿਲਨਾਡੂ, ਪੁਡੂਚੇਰੀ ਅਤੇ ਪੱਛਮੀ ਬੰਗਾਲ ਦੀਆਂ 5 ਵਿਧਾਨ ਸਭਾ ਸੀਟਾਂ ਅਤੇ ਅਸਾਮ ਦੀ ਇੱਕ ਲੋਕ ਸਭਾ ਸੀਟ ਲਈ ਜ਼ਿਮਨੀ ਚੋਣਾਂ ਲਈ ਵੋਟਾਂ ਪੈ ਰਹੀਆਂ ਨੇ । ਤਾਮਿਲਨਾਡੂ ਵਿੱਚ ਮਦੁਰੰਤਕਮ ਅਤੇ ਧਾਰਾਪੁਰਮ ਵਿਧਾਨ ਸਭਾ ਸੀਟਾਂ, ਪੁਡੂਚੇਰੀ ਵਿੱਚ ਥੱਟਨਚਾਵੜੀ ਅਤੇ ਪੱਛਮੀ ਬੰਗਾਲ ਵਿੱਚ ਰੇਜੀਨਗਰ ਅਤੇ ਨੰਦੀਗ੍ਰਾਮ ਸੀਟਾਂ ਲਈ ਵੋਟਿੰਗ ਜਾਰੀ ਹੈ। ਅਸਾਮ ਵਿੱਚ ਨਾਗਾਓਂ ਲੋਕ ਸਭਾ ਸੀਟ ਲਈ ਵੀ ਵੋਟਿੰਗ ਜਾਰੀ ਹੈ। ਵੋਟਾਂ ਦੀ ਗਿਣਤੀ ਸ਼ੁੱਕਰਵਾਰ ਨੂੰ ਹੋਵੇਗੀ।

------------------------------------------------------------

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਅੱਜ ਤੋਂ ਘਾਨਾ, ਕੋਟ ਡੀ'ਆਇਵਰ ਅਤੇ ਇਥੋਪੀਆ ਦੇ ਪੰਜ ਦਿਨਾਂ ਦੌਰੇ 'ਤੇ ਹੋਣਗੇ। ਦੌਰੇ ਦੌਰਾਨ, ਡਾ. ਜੈਸ਼ੰਕਰ ਆਪਣੇ ਹਮਰੁਤਬਾ ਨਾਲ ਦੁਵੱਲੀ ਗੱਲਬਾਤ ਕਰਨਗੇ ਅਤੇ ਦੁਵੱਲੇ ਸਬੰਧਾਂ ਦੀ ਸਮੀਖਿਆ ਕਰਨ ਲਈ ਤਿੰਨਾਂ ਦੇਸ਼ਾਂ ਦੇ ਚੋਟੀ ਦੇ ਨੇਤਾਵਾਂ ਨਾਲ ਮੁਲਾਕਾਤ ਕਰਨਗੇ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਡਾ. ਜੈਸ਼ੰਕਰ ਦਾ ਦੌਰਾ ਅਫਰੀਕਾ ਨਾਲ ਆਪਣੀ ਭਾਈਵਾਲੀ ਨੂੰ ਮਜ਼ਬੂਤ ਕਰਨ ਲਈ ਭਾਰਤ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸ੍ਰੀ ਜੈਸ਼ੰਕਰ ਦਾ ਦੌਰਾ ਆਲਮੀ ਦੱਖਣ ਨਾਲ ਭਾਰਤ ਦੀ ਏਕਤਾ ਨੂੰ ਹੋਰ ਵਧਾਏਗਾ।

ਵਿਦੇਸ਼ ਮੰਤਰੀ ਅਦੀਸ ਅਬਾਬਾ ਵਿੱਚ ਖੇਤਰੀ ਮਿਸ਼ਨ ਮੁਖੀਆਂ ਦੇ ਸੰਮੇਲਨ ਦੀ ਪ੍ਰਧਾਨਗੀ ਵੀ ਕਰਨਗੇ।

---------------------------------------------------------------

ਵਿਰੋਧੀ ਪਾਰਟੀਆਂ ਨੇ ਵੋਟਰ ਸੂਚੀਆਂ ਦੀ ਵਿਸ਼ੇਸ਼ ਸੋਧ (SIR) ਪ੍ਰਕਿਰਿਆ ਵਿੱਚ ਬੇਨਿਯਮੀਆਂ ਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਹਟਾਉਣ ਦੀ ਮੰਗ ਕਰਦਿਆਂ ਦਿੱਲੀ ਦੇ ਸੰਸਦ ਮਾਰਗ ਤੋਂ ਚੋਣ ਕਮਿਸ਼ਨ ਦੇ ਦਫਤਰ ਤੱਕ ਵਿਰੋਧ ਮਾਰਚ ਕੱਢਿਆ | ਹਾਲਾਂਕਿ ਉਨ੍ਹਾਂ ਨੂੰ ਆਕਾਸ਼ਵਾਣੀ ਭਵਨ ਦੇ ਨੇੜੇ ਰੋਕ ਲਿਆ ਗਿਆ । ਕਾਂਗਰਸ ਪ੍ਰਧਾਨ ਅਤੇ ਰਾਜ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਮਲਿਕਾਰੁਜਨ ਖੜਗੇ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਅਤੇ ਹੋਰ ਪਾਰਟੀਆਂ ਦੇ ਵਿਰੋਧੀ ਸੰਸਦ ਮੈਂਬਰਾਂ ਨੇ ਸੰਸਦ ਮਾਰਗ 'ਤੇ ਧਰਨਾ ਦਿੱਤਾ।

---------------------------------------------------------------

ਭਾਰਤੀ ਜਨਤਾ ਪਾਰਟੀ ਨੇ ਅੱਜ ਕਾਂਗਰਸ ਪਾਰਟੀ 'ਤੇ ਦੇਸ਼ ਵਿੱਚ ਅਰਾਜਕਤਾ ਦਾ ਮਾਹੌਲ ਬਣਾਉਣ ਦੀ ਯੋਜਨਾਬੱਧ ਕੋਸ਼ਿਸ਼ ਕਰਨ ਦਾ ਇਲਜ਼ਾਮ ਲਗਾਇਆ। ਨਵੀਂ ਦਿੱਲੀ ਵਿੱਚ ਮੀਡੀਆ ਨਾਲ ਗੱਲ ਕਰਦਿਆਂ BJP ਦੇ ਰਾਸ਼ਟਰੀ ਬੁਲਾਰੇ ਸੰਬਿਤ ਪਾਤਰਾ ਨੇ ਕਿਹਾ ਕਿ ਇਸ ਲਈ ਵਿਰੋਧੀ ਪਾਰਟੀਆਂ ਯੋਜਨਾਬੱਧ ਢੰਗ ਨਾਲ ਦੇਸ਼ ਦੀਆਂ ਸੰਵਿਧਾਨਕ ਸੰਸਥਾਵਾਂ ਵਿਰੁੱਧ ਅਪਮਾਨਜਨਕ ਟਿੱਪਣੀਆਂ ਕਰ ਰਹੀਆਂ ਨੇ । ਸ੍ਰੀ ਪਾਤਰਾ ਨੇ ਅੱਗੇ ਕਿਹਾ ਕਿ ਪਿਛਲੇ ਕਈ ਹਫ਼ਤਿਆਂ ਅਤੇ ਮਹੀਨਿਆਂ ਤੋਂ

ਵਿਰੋਧੀ ਧਿਰ ਅਰਾਜਕਤਾ ਦਾ ਮਾਹੌਲ ਬਣਾਉਣ ਲਈ ਚੋਣ ਕਮਿਸ਼ਨ ਨੂੰ ਨਿਸ਼ਾਨਾ ਬਣਾ ਰਹੀ ਹੈ।

---------------------------------------------------------------

ਰਾਸ਼ਟਰੀ ਟੈਲੀਮੈਡੀਸਨ ਸੇਵਾ, ਈ-ਸੰਜੀਵਨੀ, 50 ਕਰੋੜ ਟੈਲੀਕੰਸਲਟੇਸ਼ਨ ਨੂੰ ਪਾਰ ਕਰ ਗਈ ਹੈ। ਇਹ ਡਿਜੀਟਲ ਤਕਨਾਲੋਜੀ ਰਾਹੀਂ ਦੇਸ਼ ਭਰ ਦੇ ਲੋਕਾਂ ਨੂੰ ਕਿਫਾਇਤੀ, ਪਹੁੰਚਯੋਗ ਅਤੇ ਬਿਹਤਰ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਦੇ ਸਰਕਾਰ ਦੇ ਯਤਨਾਂ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਨੇ ਕਿਹਾ ਕਿ ਹੁਣ ਤੱਕ ਸਾਰੇ 36 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ 50 ਕਰੋੜ ਤੋਂ ਵੱਧ ਟੈਲੀਕੰਸਲਟੇਸ਼ਨ ਕੀਤੇ ਗਏ ਨੇ । ਮੰਤਰਾਲੇ ਅਨੁਸਾਰ, ਇਹ ਪ੍ਰਾਪਤੀ ਸਿਹਤ ਸੰਭਾਲ ਵਿੱਚ ਟੈਲੀਮੈਡੀਕਲ ਦੀ ਵਧਦੀ ਭੂਮਿਕਾ ਨੂੰ ਦਰਸਾਉਂਦੀ ਹੈ। ਈ-ਸੰਜੀਵਨੀ ਦੇਸ਼ ਦੀ ਡਿਜੀਟਲ ਸਿਹਤ ਪ੍ਰਣਾਲੀ ਦਾ ਇੱਕ ਮਹੱਤਵਪੂਰਨ ਹਿੱਸਾ ਬਣ ਗਈ ਹੈ। ਇਸਨੂੰ ਮੁਢਲੀ ਸਿਹਤ ਸੰਭਾਲ ਲਈ ਦੁਨੀਆ ਦੀ ਸਭ ਤੋਂ ਵੱਡੀ ਟੈਲੀਮੈਡੀਕਲ ਪ੍ਰਣਾਲੀ ਮੰਨਿਆ ਜਾਂਦਾ ਹੈ। ਇਸ ਸੇਵਾ ਰਾਹੀਂ, ਲੋਕ ਹਸਪਤਾਲ ਜਾਂ ਸਿਹਤ ਕੇਂਦਰ ਜਾਏ ਬਿਨਾ ਆਪਣੇ ਆਲੇ ਦੁਆਲੇ ਦੇ ਡਾਕਟਰਾਂ ਨਾਲ ਸਲਾਹ-ਮਸ਼ਵਰਾ ਕਰ ਸਕਦੇ ਨੇ |

---

ਭਾਰਤ ਦੀ ਮਹਿਲਾ ਕ੍ਰਿਕਟ ਕਪਤਾਨ ਹਰਮਨਪ੍ਰੀਤ ਕੌਰ ਨੇ ਤਿੰਨੋਂ ਫਾਰਮੈਟਾਂ ਵਿੱਚ ਕਪਤਾਨੀ ਛੱਡਣ ਦਾ ਐਲਾਨ ਕੀਤਾ ਏ | 37 ਸਾਲਾ ਇਸ ਖਿਡਾਰਨ ਨੇ ਗੁਹਾਟੀ ਵਿੱਚ BCCI ਦੀ ਸਮੀਖਿਆ ਮੀਟਿੰਗ ਤੋਂ ਬਾਅਦ ਆਪਣੇ ਫੈਸਲੇ ਦਾ ਐਲਾਨ ਕੀਤਾ। ਹਰਮਨਪ੍ਰੀਤ ਨੇ ਪਿਛਲੇ ਸਾਲ ਭਾਰਤ ਨੂੰ ਆਪਣਾ ਪਹਿਲਾ ਇੱਕ ਰੋਜ਼ਾ ਵਿਸ਼ਵ ਕੱਪ ਖਿਤਾਬ ਅਤੇ ਏਸ਼ੀਅਨ ਖੇਡਾਂ ਵਿੱਚ ਟੀਮ ਨੂੰ ਸੋਨੇ ਦਾ ਤਮਗਾ ਦਿਵਾਇਆ। ਉਸਨੇ ਪੰਜ ਟੈਸਟ ਮੈਚਾਂ 51 ਇੱਕ ਰੋਜ਼ਾ ਅਤੇ 155 20-20 ਮੈਚਾਂ ਵਿੱਚ ਭਾਰਤ ਦੀ ਕਪਤਾਨੀ ਕੀਤੀ | ਹਰਮਨਪ੍ਰੀਤ ਸਾਰੇ ਫਾਰਮੈਟਾਂ ਵਿੱਚ ਇੱਕ ਖਿਡਾਰੀ ਵਜੋਂ ਭਾਰਤ ਦੀ ਨੁਮਾਇੰਦਗੀ ਕਰਦੀ ਰਹੇਗੀ।

---

ਪੁਰਸ਼ ਕ੍ਰਿਕਟ ਵਿੱਚ, ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਮੈਚਾਂ ਦੀ ਟੀ-20 ਲੜੀ ਦਾ ਪਹਿਲਾ ਮੈਚ ਅੱਜ ਲਖਨਊ ਵਿੱਚ ਖੇਡਿਆ ਜਾਵੇਗਾ। ਇਹ ਮੈਚ ਭਾਰਤ ਰਤਨ ਅਟਲ ਬਿਹਾਰੀ ਵਾਜਪਾਈ ਏਕਾਨਾ ਕ੍ਰਿਕਟ ਸਟੇਡੀਅਮ ਵਿੱਚ ਸ਼ਾਮੀ 7 ਵਜੇ ਸ਼ੁਰੂ ਹੋਵੇਗਾ। ਲੜੀ ਦੇ ਅਗਲੇ ਚਾਰ ਮੈਚ 9, 11, 14 ਅਤੇ 17 ਅਕਤੂਬਰ ਨੂੰ ਰਾਂਚੀ, ਇੰਦੌਰ, ਹੈਦਰਾਬਾਦ ਅਤੇ ਬੰਗਲੁਰੂ ਵਿੱਚ ਖੇਡੇ ਜਾਣਗੇ।

---

ਜਪਾਨ ਏਸ਼ੀਅਨ ਖੇਡਾਂ ਵਿੱਚ ਸੋਨੇ ਦਾ ਤਮਗਾ ਜਿੱਤਣ ਵਾਲੀ ਭਾਰਤੀ ਹਾਕੀ ਟੀਮ ਦੇ ਮੈਂਬਰਾਂ ਦਾ ਅੱਜ ਸਵੇਰੇ ਅੰਮ੍ਰਿਤਸਰ ਹਵਾਈ ਅੱਡੇ 'ਤੇ ਪਹੁੰਚਣ 'ਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਵੱਡੀ ਗਿਣਤੀ 'ਚ ਲੋਕ, ਖੇਡ ਪ੍ਰੇਮੀ, ਪੰਜਾਬ ਹਾਕੀ ਐਸੋਸੀਏਸ਼ਨ ਦੇ ਅਧਿਕਾਰੀ ਅਤੇ ਖਿਡਾਰੀਆਂ ਦੇ ਪਰਿਵਾਰਕ ਮੈਂਬਰ ਉਨ੍ਹਾਂ ਨੂੰ ਵਧਾਈ ਦੇਣ ਲਈ ਪਹੁੰਚੇ। ਟੀਮ ਦੇ ਕਪਤਾਨ ਹਰਮਨਪ੍ਰੀਤ ਨੇ ਸੋਨੇ ਦਾ ਤਮਗਾ  ਜਿੱਤਣ 'ਤੇ ਖੁਸ਼ੀ ਅਤੇ ਮਾਣ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਓਲੰਪਿਕ ਵਿੱਚ ਸਿੱਧਾ ਸਥਾਨ ਪ੍ਰਾਪਤ ਕਰਨਾ ਟੀਮ ਲਈ ਬਹੁਤ ਫਾਇਦੇਮੰਦ ਹੋਵੇਗਾ। ਇਸ ਨਾਲ ਖਿਡਾਰੀਆਂ ਨੂੰ ਆਪਣੀਆਂ ਕਮੀਆਂ 'ਤੇ ਕੰਮ ਕਰਨ ਅਤੇ ਓਲੰਪਿਕ ਲਈ  ਬਿਹਤਰ ਤਿਆਰੀ ਕਰਨ ਲਈ ਕਾਫ਼ੀ ਸਮਾਂ ਮਿਲੇਗਾ। ਉਨ੍ਹਾਂ ਨੇ ਭਾਰਤੀ ਮਹਿਲਾ ਹਾਕੀ ਟੀਮ ਨੂੰ ਏਸ਼ੀਆਈ ਖੇਡਾਂ ਵਿੱਚ ਸੋਨੇ ਦਾ  ਤਮਗਾ  ਜਿੱਤਣ ਲਈਵੀ ਵਧਾਈ ਵੀ ਦਿੱਤੀ। ਅੰਮ੍ਰਿਤਸਰ ਪਹੁੰਚਣ ਵਾਲੇ ਖਿਡਾਰੀਆਂ  ਵਿੱਚ ਜੁਗਰਾਜ ਸਿੰਘ, ਹਾਰਦਿਕ ਅਤੇ ਮਨਪ੍ਰੀਤ ਸਿੰਘ ਸ਼ਾਮਲ ਸਨ। ਭਾਰਤੀ ਟੀਮ ਨੇ ਫਾਈਨਲ 'ਚ  ਮਲੇਸ਼ੀਆ ਨੂੰ 5-1 ਨਾਲ ਹਰਾ ਕੇ ਸੋਨੇ  ਤਮਗਾ ਜਿੱਤਿਆ ਅਤੇ 2028 ਲੌਸ  ਏਂਜਲਸ ਓਲੰਪਿਕ ਲਈ ਸਿੱਧੇ ਤੌਰ 'ਤੇ ਕੁਆਲੀਫਾਈ ਵੀ ਕੀਤਾ।

---

ਕੋਲਕਾਤਾ 'ਚ  ਫੀਫਾ ਅੰਤਰਰਾਸ਼ਟਰੀ ਦੋਸਤਾਨਾ ਫੁੱਟਬਾਲ ਮੈਚ ਵਿੱਚ ਅੱਜ ਭਾਰਤ ਦਾ ਉਰੂਗਵੇ ਨਾਲ ਮੁਕਾਬਲਾ ਹੋਏਗਾ | ਭਾਰਤ ਨੇ ਪਹਿਲਾਂ ਪਨਾਮਾ ਨਾਲ ਇੱਕ - ਇੱਕ ਗੋਲ ਨਾਲ ਡਰਾਅ ਖੇਡਿਆ ਸੀ ਅਤੇ ਸ਼ਨੀਵਾਰ ਨੂੰ ਬ੍ਰਾਜ਼ੀਲ ਤੋਂ ਚਾਰ-ਸਿਫ਼ਰ ਨਾਲ ਹਾਰ ਗਿਆ ਸੀ।

---------------------------------------------------------------

ਨਾਈਜੀਰੀਆ 'ਚ ਬੇਨਿਨ ਸਿਟੀ ਤੋਂ ਲਾਗੋਸ ਜਾ ਰਿਹਾ ਇੱਕ ਫੌਜੀ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਇਸ ਹਾਦਸੇ ਵਿੱਚ ਸਵਾਰ ਸਾਰੇ 32 ਲੋਕ ਮਾਰੇ ਗਏ, ਜਿਨ੍ਹਾਂ ਵਿੱਚ 25 ਮੁਸਾਫ਼ਰ ਅਤੇ ਸੱਤ ਚਾਲਕ ਦਲ ਦੇ ਮੈਂਬਰ ਨੇ । ਰਾਸ਼ਟਰਪਤੀ ਬੋਲਾ ਟੀਨੂਬੂ ਨੇ ਹਾਦਸੇ ਦੀ ਪੁਸ਼ਟੀ ਕੀਤੀ ਅਤੇ ਨਾਈਜੀਰੀਆਈ ਹਵਾਈ ਫੌਜ ਨੂੰ ਹਾਦਸੇ ਦੇ ਕਾਰਨਾਂ ਦੀ ਤੁਰੰਤ ਅਤੇ ਪੂਰੀ ਜਾਂਚ ਕਰਨ ਦੇ ਨਿਰਦੇਸ਼ ਦਿੱਤੇ ਨੇ। ਹਵਾਬਾਜ਼ੀ ਮੰਤਰੀ ਫੇਸਟਸ ਕੀਮੋ ਨੇ ਕਿਹਾ ਕਿ ਹਵਾਈ ਫੌਜ ਦਾ ATR-42 ਜਹਾਜ਼ ਕੱਲ੍ਹ ਇੱਕ ਰੁਟੀਨ ਮਿਸ਼ਨ 'ਤੇ ਸੀ ਜਦੋਂ ਹਵਾਈ ਟ੍ਰੈਫਿਕ ਕੰਟਰੋਲ ਨਾਲ ਇਸ ਦਾ ਸੰਪਰਕ ਟੁੱਟ ਗਿਆ |

---------------------------------------------------------------

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਹੈ ਕਿ ਭਾਰਤ ਨੂੰ ਆਪਣੀ ਸਮੁੰਦਰੀ ਤਾਕਤ ਨੂੰ ਹੋਰ ਵਧਾਉਣ ਲਈ ਇੱਕ ਮਜ਼ਬੂਤ ਅਤੇ ਏਕੀਕ੍ਰਿਤ ਈਕੋਸਿਸਟਮ ਦੀ ਲੋੜ ਏ ।

- ਦੇਹਾਤੀ ਵਿਕਾਸ ਮੰਤਰਾਲੇ ਨੇ ਵਿਕਸਿਤ ਭਾਰਤ - ਰੁਜ਼ਗਾਰ ਅਤੇ ਆਜੀਵਿਕਾ ਮਿਸ਼ਨ (ਦੇਹਾਤੀ) ਐਕਟ 2025 ਤਹਿਤ ਮਨਜ਼ੂਰਸ਼ੁਦਾ ਕੰਮਾਂ ਦੀ ਸੂਚੀ NOTIFY ਕੀਤੀ ਏ |

- ਵਿਰੋਧੀ ਪਾਰਟੀਆਂ ਨੇ ਵੋਟਰ ਸੂਚੀਆਂ ਦੀ ਵਿਸ਼ੇਸ਼ ਸੋਧ (SIR) ਪ੍ਰਕਿਰਿਆ ਵਿੱਚ ਬੇਨਿਯਮੀਆਂ ਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਹਟਾਉਣ ਦੀ ਮੰਗ ਕਰਦਿਆਂ ਦਿੱਲੀ ਦੇ ਸੰਸਦ ਮਾਰਗ ਤੋਂ ਚੋਣ ਕਮਿਸ਼ਨ ਦੇ ਦਫਤਰ ਤੱਕ ਵਿਰੋਧ ਮਾਰਚ ਕੱਢਿਆ |

- ਭਾਰਤੀ ਜਨਤਾ ਪਾਰਟੀ ਨੇ ਕਾਂਗਰਸ ਪਾਰਟੀ 'ਤੇ ਦੇਸ਼ ਵਿੱਚ ਅਰਾਜਕਤਾ ਦਾ ਮਾਹੌਲ ਬਣਾਉਣ ਦੀ ਯੋਜਨਾਬੱਧ ਕੋਸ਼ਿਸ਼ ਕਰਨ ਦਾ ਇਲਜ਼ਾਮ ਲਗਾਇਆ।

- ਭਾਰਤ ਦੀ ਮਹਿਲਾ ਕ੍ਰਿਕਟ ਕਪਤਾਨ ਹਰਮਨਪ੍ਰੀਤ ਕੌਰ ਨੇ ਤਿੰਨੋਂ FORMATS ਦੀ ਕਪਤਾਨੀ ਛੱਡਣ ਦਾ ਐਲਾਨ ਕੀਤਾ ਏ |

---

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ. ਸਾਡਾ ਅਗਲਾ ਬੁਲੇਟਿਨ ਸ਼ਾਮੀ 6:30 ਵਜੇ ਹੋਵੇਗਾ. ਨਮਸਕਾਰ!